ਜ਼ਿਲ੍ਹਾ ਪੱਧਰੀ ਸਾਈਕਲ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ

ਸਾਈਕਲ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਡਿਪਟੀ ਕਮਿਸ਼ਨਰ ਅਤੇ ਹੋਰ ਅਧਿਕਾਰੀ

ਸੰਗਰੂਰ, 10 ਅਕਤੂਬਰ (ਪ੍ਰੈਸ ਨੋਟ) : ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਡਾ. ਜਸਵਿੰਦਰ ਕੌਰ ਦੀ ਅਗਵਾਈ ਹੇਠ ਅੱਜ ਜ਼ਿਲ੍ਹਾ ਪੱਧਰੀ ਸਾਈਕਲ ਰੈਲੀ ਨੂੰ ਡਿਪਟੀ ਕਮਿਸ਼ਨਰ ਸ੍ਰੀ ਰਾਮਵੀਰ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਰੈਲੀ ਸਿਵਲ ਹਸਪਤਾਲ ਸੰਗਰੂਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਹੁੰਦੀ ਹੋਈ ਵਾਪਸ ਹਸਪਤਾਲ ਵਿਖੇ ਸਮਾਪਤ ਹੋਈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਈਕਲਿੰਗ ਇੱਕ ਬਹੁਤ ਵਧੀਆ ਕਸਰਤ ਹੈ ਜੋ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਵਿੱਚ ਮਦਦ ਕਰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਰੈਲੀਆਂ ਨਾਲ ਲੋਕਾਂ ਵਿੱਚ ਜਾਗਰੂਕਤਾ ਪੈਦਾ ਹੁੰਦੀ ਹੈ ਅਤੇ ਉਹ ਆਪਣੀ ਸਿਹਤ ਪ੍ਰਤੀ ਵਧੇਰੇ ਸੁਚੇਤ ਹੁੰਦੇ ਹਨ।

ਸਿਵਲ ਸਰਜਨ ਡਾ. ਜਸਵਿੰਦਰ ਕੌਰ ਨੇ ਦੱਸਿਆ ਕਿ ਇਸ ਰੈਲੀ ਵਿੱਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਲਗਭਗ 300 ਵਿਦਿਆਰਥੀਆਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਰੈਲੀ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਜਾਗਰੂਕ ਕੀਤਾ ਗਿਆ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਰਜਨੀ ਗੋਇਲ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਡਾ. ਰਮਨਦੀਪ ਕੌਰ, ਡਾ. ਅਮਨਦੀਪ ਸਿੰਘ, ਡਾ. ਗੁਰਪ੍ਰੀਤ ਕੌਰ, ਡਾ. ਨਵਜੋਤ ਕੌਰ, ਡਾ. ਰਾਜਵੀਰ ਸਿੰਘ, ਡਾ. ਹਰਪ੍ਰੀਤ ਕੌਰ, ਡਾ. ਸੁਖਵਿੰਦਰ ਸਿੰਘ, ਡਾ. ਅਮਨਦੀਪ ਕੌਰ, ਡਾ. ਰਾਜਵੀਰ